ਆਰ. ਟੀ. ਆਈ. ਸ਼ਾਖਾ
ਐਂਟਰੀ ਨੰ. 887
ਮਿਤੀ 01/12/2020

ਨੰ : ਸੀ. ਸਹਾਇਕ (ਅਮਲਾ)/ਆਰ. ਟੀ. ਆਈ. ਅਪੀਲ/ਸੰ:ਰ:ਜ:/1010 ਮਿਤੀ : 12/11/2020

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

ਰਜਿਸਟਰਾਰ ਸਹਿਕਾਰੀ ਸਭਾਵਾਂ, ਪੰਜਾਬ 26/11
27 NOV 2020

ਵਿਸ਼ਾ :- ਆਰ. ਟੀ. ਆਈ. ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

**ਯਾਦ ਪੱਤਰ :**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਜਸਵੰਤ ਸਿੰਘ ਪੁੱਤਰ ਸ੍ਰੀ ਕੇਹਰ ਸਿੰਘ, ਪਿੰਡ ਗਿੱਲ, ਡਾਕ: ਚਮਿਆਰਾ, ਤਹਿ: ਅਤੇ ਜ਼ਿਲ੍ਹਾ ਜਲੰਧਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 04.11.2020 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ .ਟੀ .ਆਈ .ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ. ਵਿ ਪੰ ਨੰ: 51/8/2014/2 ਆਰ. ਟੀ. ਆਈ. ਐਨ. ਸੀ. / 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ. ਟੀ. ਆਈ. / 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਜਸਵੰਤ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 04.11.2020 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

Palwinder Singh

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਨੰ : ਸੀ.ਸਹਾਇਕ (ਅਮਲਾ)/ ਸੰ:ਰ:ਜ:/ 5166-67 ਮਿਤੀ : 12/11/2020

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

1. ਸ੍ਰੀ ਜਸਵੰਤ ਸਿੰਘ ਪੁੱਤਰ ਸ੍ਰੀ ਕੇਹਰ ਸਿੰਘ,
   ਪਿੰਡ ਗਿੱਲ, ਡਾਕ: ਚਮਿਆਰਾ,
   ਤਹਿ: ਅਤੇ ਜ਼ਿਲ੍ਹਾ ਜਲੰਧਰ।
2. ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ),
   ਸਹਿਕਾਰੀ ਸਭਾਵਾਂ, ਜਲੰਧਰ।

ਵਿਸ਼ਾ :- ਰਾਈਟ ਟੂ ਇਨਫਰਮੇਸ਼ਨ ਐਕਟ-2005 ਦੇ ਸੈਕਸ਼ਨ 19 ਤਹਿਤ ਅਪੀਲ (ਵਲੋਂ ਸ੍ਰੀ ਜਸਵੰਤ ਸਿੰਘ)।

ਹਾਜਰੀ ਮਿਤੀ : 04.11.2020 :

1. ਸ੍ਰੀ ਜਸਵੰਤ ਸਿੰਘ, ਅਪੀਲਕਰਤਾ,
2. ਮਿਸ ਪ੍ਰਿਆ, ਸੁਪਰਡੈਂਟ ਦਰਜਾ-।। ਦਫਤਰ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਅਪੀਲਕਰਤਾ ਵਲੋਂ ਦਰਖਾਸਤ ਮਿਤੀ : 21.10.2020 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਪਾਸ ਅਪੀਲ ਦਾਇਰ ਕੀਤੀ ਗਈ। ਅਪੀਲ ਅਨੁਸਾਰ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 17.09.2020 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਪਾਸੋਂ ਸੂਚਨਾ ਲੈਣ ਲਈ ਅਪਲਾਈ ਕੀਤਾ ਗਿਆ ਸੀ। ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਪ੍ਰਾਰਥੀ ਨੂੰ ਉਪਲਬੱਧ ਕਰਵਾਈ ਗਈ ਸੂਚਨਾ ਅਧੂਰੀ ਅਤੇ ਗਲਤ ਹੈ। ਪ੍ਰਾਰਥੀ ਵਲੋਂ ਅਪੀਲ ਰਾਹੀਂ ਇਸ ਸਬੰਧੀ ਕਾਰਵਾਈ ਕਰਨ ਲਈ ਲਿਖਿਆ ਗਿਆ।

ਦੋਵਾਂ ਧਿਰਾਂ ਨੂੰ ਸੁਣਵਾਈ ਲਈ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਮਿਤੀ : 29.10.2020 ਨੂੰ ਅਪੀਲ ਦੀ ਸੁਣਵਾਈ ਦੌਰਾਨ ਪ੍ਰਾਰਥੀ ਲਿਖਤੀ ਤੌਰ ਤੇ ਬਿਆਨ ਕੀਤਾ ਗਿਆ ਕਿ ਸੁਣਵਾਈ ਦੌਰਾਨ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਹਾਜਰ ਨਹੀਂ ਹੋਏ। ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਵਲੋਂ ਉਸਨੂੰ ਉਪਲਬੱਧ ਕਰਵਾਈ ਗਈ ਸੂਚਨਾ ਗਲਤ ਅਤੇ ਅਧੂਰੀ ਹੈ। ਉਸਨੂੰ ਜੁਆਇੰਨ ਕਰਵਾਉਣ ਸਬੰਧੀ ਦਿੱਤੀ ਸੂਚਨਾ ਬਿੱਲਕੁੱਲ ਗਲਤ ਹੈ ਅਤੇ ਮੰਦਭਾਵਨਾ ਅਧੀਨ ਦਿੱਤੀ ਗਈ ਹੈ। ਉਪ-ਰਜਿਸਟਰਾਰ

ਸਹਿਕਾਰੀ ਸਭਾਵਾਂ ਜਲੰਧਰ ਨੇ ਆਪਣੀ ਕੋਈ ਸਟੇਟਮੈਂਟ ਨਹੀਂ ਦਿੱਤੀ ਹੈ। ਅਜਿਹਾ ਕਾਨੂੰਨ ਨਾਲ ਮਜਾਕ ਕਰਨ ਵਾਸਤੇ ਕੀਤਾ ਗਿਆ ਹੈ। ਨਾ ਹੀ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁੱਕਮਾਂ ਮੁਤਾਬਕ ਜੁਆਇੰਨ ਕਰਵਾਇਆ ਗਿਆ ਹੈ ਅਤੇ ਨਾ ਹੀ ਬਕਾਇਆਂ ਦਾ ਭੁਗਤਾਨ ਕੀਤਾ ਗਿਆ ਹੈ। ਫਰਜੀ ਰਿਟਾਇਰਮੈਂਟ ਕਰਕੇ ਅਦਾਲਤ ਨੂੰ ਗੁਮਰਾਹ ਕਰਨ ਵਾਸਤੇ ਸਮੇਂ ਤੋਂ ਪਹਿਲਾਂ ਕਰ ਦਿੱਤੀ ਗਈ। ਰਿਟਾਇਰਮੈਂਟ ਦੀ ਉਮਰ 60 ਸਾਲ ਸੀ, ਜਿਸ ਬਾਰੇ ਪੱਤਰ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਪਾਸੋਂ ਲਿਆ ਗਿਆ ਸੀ। ਇਸ ਸਬੰਧ ਵਿੱਚ ਪੇਸ਼ ਕੀਤੇ ਗਏ ਤੱਥ ਗਲਤ ਹਨ। ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਵਲੋਂ ਆਪਣਾ ਬਿਆਨ ਜਾਰੀ ਨਹੀਂ ਕੀਤਾ ਗਿਆ ਅਤੇ ਕੇਵਲ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ-।। ਦੇ ਡਾਕੂਮੈਂਟਸ ਹੀ ਉਪਲਬੱਧ ਕਰਵਾਏ ਗਏ ਹਨ। ਪ੍ਰਾਰਥੀ ਨੂੰ ਸੁਣਵਾਈ ਦੌਰਾਨ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਨੂੰ ਬੁਲਾ ਕੇ ਉਨ੍ਹਾਂ ਦੀ ਸਟੇਟਮੈਂਟ ਰੀਕਾਰਡ ਕਰਨ ਅਤੇ ਪ੍ਰਾਰਥੀ ਨੂੰ ਜੁਆਇੰਨ ਕਰਵਾਉਣ ਸਬੰਧੀ ਪੇਸ਼ ਕੀਤੇ ਗਏ ਤੱਥ ਦਰੁੱਸਤ ਕਰਵਾ ਕੇ ਦੇਣ ਲਈ ਬੇਨਤੀ ਕੀਤੀ ਗਈ ਹੈ।

ਮਿਤੀ : 29.10.2020 ਨੂੰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਦਫਤਰ ਦੇ ਬੀਹਾਫ ਤੇ ਮਿਸ ਪ੍ਰਿਆ, ਸੁਪਰਡੈਂਟ ਦਰਜਾ-।। ਹਾਜਰ ਆਈ। ਸੁਣਵਾਈ ਦੌਰਾਨ ਹਦਾਇਤ ਕੀਤੀ ਗਈ ਕਿ ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਪ੍ਰਾਰਥੀ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ।

ਪ੍ਰਾਰਥੀ ਵਲੋਂ ਆਪਣੇ ਬਿਆਨ ਮਿਤੀ : 29.10.2020 ਰਾਹੀਂ ਕੀਤੀ ਬੇਨਤੀ ਅਨੁਸਾਰ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਨੂੰ ਬੁਲਾ ਕੇ ਉਨ੍ਹਾਂ ਦੀ ਸਟੇਟਮੈਂਟ ਰੀਕਾਰਡ ਕਰਨ ਲਈ ਬੇਨਤੀ ਕੀਤੀ ਗਈ ਹੈ। ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ ਦੇ ਬੀਹਾਫ ਤੇ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਜਲੰਧਰ-।। ਦੇ ਦਫਤਰ ਦੇ ਕਰਮਚਾਰੀ ਹਾਜਰ ਆਉਂਦੇ ਰਹੇ। ਇਸ ਲਈ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਨੂੰ ਸੁਣਵਾਈ ਦੌਰਾਨ ਬੁਲਾ ਕੇ ਉਨ੍ਹਾਂ ਦੀ ਸਟੇਟਮੈਂਟ ਰੀਕਾਰਡ ਕਰਵਾਉਣ ਦੀ ਜਰੂਰਤ ਨਹੀਂ ਹੈ। ਸੁਣਵਾਈ ਦੌਰਾਨ ਹਾਜਰ ਆਏ ਕਰਮਚਾਰੀ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਦੇ ਬੀਹਾਫ ਤੇ ਹੀ ਪੇਸ਼ ਹੋਏ ਹਨ।

ਪ੍ਰਾਰਥੀ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਰਖਾਸਤ ਮਿਤੀ : 17.09.2020 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਪਾਸ ਦੀ ਚਮਿਆਰਾ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਚਮਿਆਰਾ, ਜ਼ਿਲ੍ਹਾ ਜਲੰਧਰ ਵਲੋਂ ਪਾਸ ਕੀਤਾ ਮਤਾ ਮਿਤੀ : 30.08.2020 (ਜੋ ਕਿ ਪ੍ਰਾਰਥੀ ਅਨੁਸਾਰ ਗਲਤ ਢੰਗ ਨਾਲ ਪਾਸ ਕੀਤਾ ਗਿਆ ਹੈ) ਵਾਪਸ ਕਰਾਉਣ ਸਬੰਧੀ ਕੀਤੀ ਗਈ ਕਾਰਵਾਈ ਦੀ ਤਸਦੀਕਸ਼ੁਦਾ ਨਕਲ ਲੈਣ ਲਈ ਅਪਲਾਈ ਕੀਤਾ ਗਿਆ ਸੀ। ਮਿਤੀ : 04.11.2020 ਨੂੰ ਸੁਣਵਾਈ ਦੌਰਾਨ ਸਭਾ ਵਲੋਂ ਪਾਸ ਕੀਤੇ ਗਏ ਮਤਾ ਮਿਤੀ : 30.08.2020 ਸਬੰਧੀ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਜਲੰਧਰ-।। ਵਲੋਂ ਪੱਤਰ ਨੰ : 1985, ਮਿਤੀ : 03.11.2020 ਰਾਹੀਂ ਹਲਕਾ ਨਰੀਖਕ ਪਾਸੋਂ ਮੰਗੀ ਗਈ ਰਿਪੋਰਟ ਦੀ ਤਸਦੀਕਸ਼ੁਦਾ ਕਾਪੀ ਪ੍ਰਾਰਥੀ ਨੂੰ ਸਪਲਾਈ ਕਰਵਾ ਦਿੱਤੀ ਗਈ।

ਸ੍ਰੀ ਜਸਵੰਤ ਸਿੰਘ, ਅਪੀਲਕਰਤਾ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 17.09.2020 ਦੇ ਸਬੰਧ ਵਿੱਚ ਦੀ ਚਮਿਆਰਾ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਚਮਿਆਰਾ, ਜ਼ਿਲ੍ਹਾ ਜਲੰਧਰ ਵਲੋਂ ਪਾਸ ਕੀਤਾ ਗਿਆ ਮਤਾ ਮਿਤੀ : 30.08.2020 (ਜੋ ਕਿ ਪ੍ਰਾਰਥੀ ਅਨੁਸਾਰ ਗਲਤ ਢੰਗ ਨਾਲ ਪਾਸ ਕੀਤਾ ਗਿਆ ਹੈ) ਪਾਸ ਕਰਨ ਸਬੰਧੀ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਜਲੰਧਰ-।। ਵਲੋਂ ਪੱਤਰ ਨੰ :

1985, ਮਿਤੀ : 03.11.2020 ਰਾਹੀਂ ਹਲਕਾ ਨਰੀਖਕ ਪਾਸੋਂ ਮੰਗੀ ਗਈ ਰਿਪੋਰਟ ਦੀ ਤਸਦੀਕਸ਼ੁਦਾ ਕਾਪੀ ਪ੍ਰਾਰਥੀ ਨੂੰ ਮੁਹੱਈਆ ਕਰਵਾਈ ਜਾ ਚੁੱਕੀ ਹੈ। ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਜਾਰੀ ਹੁੱਕਮ ਮਿਤੀ : 18.03.2020 ਸਬੰਧੀ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਪ੍ਰਾਰਥੀ ਨੂੰ 07 ਦਿਨਾਂ ਅੰਦਰ ਸੂਚਨਾ ਮੁਹੱਈਆ ਕਰਵਾਉਣੀ ਯਕੀਨੀ ਬਣਾਈ ਜਾਵੇ। ਇਨ੍ਹਾਂ ਹੁੱਕਮਾਂ ਨਾਲ ਅਪੀਲ ਡਿਸਪੋਜ਼ ਆਫ (dispose off) ਕੀਤੀ ਜਾਂਦੀ ਹੈ।

ਇਸ ਅਦਾਲਤ ਵਲੋਂ ਕੀਤੇ ਗਏ ਫੈਸਲੇ ਨਾਲ ਅਪੀਲਕਰਤਾ ਅਗਰ ਸੰਤੁਸ਼ਟ ਨਾ ਹੋਵੇ ਤਾਂ ਉਹ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਮਾਨਯੋਗ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ, ਚੰਡੀਗੜ ਜੀ ਪਾਸ ਦੂਸਰੀ ਅਪੀਲ ਦਾਇਰ ਕਰ ਸਕਦਾ ਹੈ।

ਮਿਤੀ : 04.11.2020.

Palwinder Singh

(ਐਪੀਲਾਂਟ ਅਥਾਰਟੀ)
ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਅਸਲ ਕਾਪੀ ਤੋਂ ਤਸਦੀਕ ਕੀਤਾ
12/11/2020
ਸੁਪਰਡੰਟ
ਦਫਤਰ ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ ਜਲੰਧਰ ਮੰਡਲ, ਜਲੰਧਰ।

Sub: Appeal under Right to Information Act 2005

To: Joint Registrar Coop Societies Jalandhar

From:- Jaswant Singh s/o Kehar Singh Village Gill, P.O. Chamiara Distt Jalandhar

ਸ੍ਰੀ ਮਾਨ ਜੀ,

ਬੇਨਤੀ ਹੈ ਕਿ ਮੈਂ ਮਿਤੀ 17.9.2020 ਨੂੰ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਤੋਂ ਜਾਣਕਾਰੀ ਮੰਗੀ ਸੀ ਜੋ ਕਿ ਪਰ ਮਿਲੀ ਨਹੀਂ ਜਾਣਕਾਰੀ ਅਧੂਰੀ ਦਿੱਤੀ ਹੈ ਤੇ ਗਲਤ ਦਿੱਤੀ ਹੈ। ਡਿਪਟੀ ਰਜਿਸਟਰਾਰ ਸਹਿਕਾਰੀ ਦੇ ਆਪਣੇ ਦਫ਼ਤਰ ਵਿੱਚ ਕੋਈ ਕਾਰਵਾਈ ਦੀ ਕੋਈ ਜਾਣਕਾਰੀ ਨਹੀਂ ਦਿੱਤੀ ਗਈ। ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਦੀਆਂ ਇਨਕੁਆਰੀ ਰਿਪੋਰਟਾਂ ਪੇਸ਼ ਕਰਨੀਆਂ ਸਨ ਜੋ ਉਹਨਾਂ ਦੇ ਇਨਸਪੈਕਟਰ ਹਿਦਾਇਤ ਦਿੱਤੀ। ਪਿੰਡ ਗਿੱਲ ਅਤੇ ਕਮੇਟੀਆਂ ਸਬੰਧੀ ਸੈਕਟਰੀ ਦੇ ਸੈਕਟਰੀ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਉਨ੍ਹਾਂ ਪੱਤਰ ਕਾਪੀਆਂ ਵਿੱਚ ਇਨਸਪੈਕਟਰ ਰਿਪੋਰਟ ਅਤੇ ਜਾਣਕਾਰੀ ਅਧੂਰੀ ਪੇਸ਼ ਕੀਤੀਆਂ ਗਈਆਂ। ਇਸ ਤਰ੍ਹਾਂ ਧਾਰਾ ਤਹਿਤ RTI Act-2005 ਦੀ ਧਾਰਾ ਉਲੰਘਣਾ ਕੀਤੀ ਹੈ ਅਤੇ ਇਨ੍ਹਾਂ ਅਧਿਕਾਰੀਆਂ ਅਤੇ ਕਮੇਟੀਆਂ ਵਿਰੁੱਧ ਸੈਕਟਰੀ ਦੇ ਸੈਕਟਰੀ ਵੱਲੋਂ ਉਲੰਘਣਾ ਕੀਤੀ ਹੈ। ਇਸ ਕਰਕੇ ਦੋਸ਼ੀਆਂ ਖਿਲਾਫ ਉਚਿਤ ਕਾਰਵਾਈ ਕਰਕੇ ਮੁਕੰਮਲ ਅਤੇ ਇਨਸਾਫੀ ਕਾਰਵਾਈ ਕੀਤੀ ਜਾਵੇ। ਆਪ ਜੀ ਦਾ ਅਤਿ ਧੰਨਵਾਦੀ ਹੋਵਾਂਗਾ।

ਆਪ ਜੀ ਦਾ ਸ਼ੁਭਚਿੰਤਕ

Jaswant Singh

ਮਿਤੀ 21/10/2020

ਜਸਵੰਤ ਸਿੰਘ s/o ਕੇਹਰ ਸਿੰਘ ਪਿੰਡ ਗਿੱਲ ਡਾ. ਚਮਿਆਰਾ ਜ਼ਿਲ੍ਹਾ ਜਲੰਧਰ

Mob. 94659-90662

Enc (1) ਜਾਣਕਾਰੀ ਤੇ ਚਿੱਠੀਆਂ

(2) ਡਿਪਟੀ ਰਜਿਸਟਰਾਰ ਦਫ਼ਤਰ [illegible]

ਨਕਲਾਂ ਤੇ [illegible] ਜਾਣਕਾਰੀ [illegible]

ਮਿਸਲ ਨੰਬਰ 2203 ਮਿਤੀ 21/10/20